# Telephone Conversation between PM and President of Egypt

April 17, 2020

……………………………………………………………………………………………

## ਪ੍ਰਧਾਨ ਮੰਤਰੀ ਅਤੇ ਮਿਸਰ ਦੇ ਰਾਸ਼ਟਰਪਤੀ ਦਰਮਿਆਨ ਟੈਲੀਫੋਨ 'ਤੇ ਗੱਲਬਾਤ

17 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਮਿਸਰ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਅਬਦੈਲ ਫਤਾਹ ਅਲ-ਸੀਸੀ ਨਾਲ ਫੋਨ 'ਤੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਕੋਵਿਡ -19 ਮਹਾਂਮਾਰੀ ਤੋਂ ਪੈਦਾ ਹੋਏ ਹਾਲਤ ਬਾਰੇ ਗੱਲਬਾਤ ਕੀਤੀ ਅਤੇ ਆਪੋ ਆਪਣੇ ਨਾਗਰਿਕਾਂ ਦੀ ਰੱਖਿਆ ਲਈ ਆਪਣੀਆਂ ਸਰਕਾਰਾਂ ਵੱਲੋਂ ਚੁੱਕੇ ਜਾ ਰਹੇ ਕਦਮਾਂ ਬਾਰੇ ਜਾਣਕਾਰੀ ਸਾਂਝੀ ਦਿੱਤੀ। ਉਨ੍ਹਾਂ ਨੇ ਇੱਕ ਦੂਜੇ ਤੋਂ ਸਿੱਖਣ ਲਈ ਤਜ਼ਰਬੇ ਅਤੇ ਸਰਬੋਤਮ ਪ੍ਰਥਾਵਾਂ ਦੇ ਲਗਾਤਾਰ ਵਟਾਂਦਰੇ ਦੇ ਲਾਹੇਵੰਦ ਹੋਣ 'ਤੇ ਸਹਿਮਤੀ ਪ੍ਰਗਟਾਈ।

ਪ੍ਰਧਾਨ ਮੰਤਰੀ ਨੇ ਮਿਸਰ ਦੇ ਰਾਸ਼ਟਰਪਤੀ ਨੂੰ ਭਰੋਸਾ ਦਿਵਾਇਆ ਕਿ ਭਾਰਤ ਇਸ ਔਖੇ ਸਮੇਂ ਦੌਰਾਨ ਦਵਾਈਆਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਸਹਾਇਤਾ ਦੇਵੇਗਾ। ਉਨ੍ਹਾਂ ਨੇ ਮਿਸਰ ਵਿੱਚ ਮੌਜੂਦ ਭਾਰਤੀ ਨਾਗਰਿਕਾਂ ਨੂੰ ਦਿੱਤੀ ਜਾ ਰਹੀ ਸਹਾਇਤਾ ਲਈ ਰਾਸ਼ਟਰਪਤੀ ਐਲ-ਸੀਸੀ ਦਾ ਧੰਨਵਾਦ ਵੀ ਕੀਤਾ।

ਦੋਨਾਂ ਨੇਤਾਵਾਂ ਨੇ ਇਸ ਗੱਲ 'ਤੇ ਸਹਿਮਤੀ ਪ੍ਰਗਟਾਈ ਕਿ ਉਨ੍ਹਾਂ ਦੀਆਂ ਟੀਮਾਂ ਨੇੜਲਾ ਤਾਲਮੇਲ ਅਤੇ ਤਜ਼ਰਬੇ ਸਾਂਝੇ ਕਰਨ ਨੂੰ ਯਕੀਨੀ ਬਣਾਉਣ ਲਈ ਆਪਸੀ ਸੰਪਰਕ ਵਿੱਚ ਰਹਿਣਗੀਆਂ।

ਨਵੀਂ ਦਿੱਲੀ
17 ਅਪ੍ਰੈਲ, 2020

DISCLAIMER: This is an approximate translation. The original is available in English on MEA's website and may be referred to as the official press release.